Date: - 27th August, 2026

To,

National Stock Exchange of India Limited
Exchange Plaza, Bandra Kurla Complex,
Bandra (E), Mumbai - 400 051

Sub: - Newspaper Advertisement- Intimation of the Twenty-Third (23rd) Annual General Meeting of the Company

Ref: TSC India Limited (SYMBOL/ISIN: TSC/INE16VK01010)

Respected Sir/ Madam,

In terms of Regulation 47 of the SEBI (Listing Obligations and Disclosure Requirements) Regulations, 2015, we are pleased to enclose copies each of "**NAWAN ZAMANA**" (Punjabi) and "**FINANCIAL EXPRESS**" (English) dated August 27, 2026, intimating that the Twenty-Third Annual General Meeting of the Company will be held on Monday, September 21, 2026 at 12:00 p.m. (IST) in physical mode at Hotel President, situated at Police Line Road, Jalandhar, Punjab - 144001. The said copies of newspaper advertisement are also being made available on website of the company i.e. www.tscindialimited.com .

Kindly acknowledge the receipt of the same and take on records.

Thanking You,
Yours Sincerely,
For **TSC India Limited**

SONIA GABA
Digitally signed by SONIA GABA
Date: 2026.08.27 12:30:26 +05'30'

Sonia Gaba
(Company Secretary & Compliance Officer)

Encl: as above

ਮਹਿਲ ਕਲਾਂ ਪਹੁੰਚਿਆ ਮੀਰੀ-ਪੀਰੀ ਖ਼ਾਲਸਾ ਮਾਰਚ, ਸੰਗਤਾਂ ਵੱਲੋਂ ਭਰਵਾਂ ਸਵਾਗਤ

ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)- ਧੰਨ-ਧੰਨ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪਵਿੱਤਰ ਮੀਰੀ-ਪੀਰੀ ਦਿਵਸ ਨੂੰ ਸਮਰਪਿਤ ਸਰਵਉੱਚ ਧਾਰਮਿਕ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ

ਅੰਮ੍ਰਿਤਸਰ ਸਾਹਿਬ ਤੋਂ ਪੂਰੇ ਜਾਹੋ-ਜਲਾਲ ਨਾਲ ਆਰੰਭ ਹੋਏ ਵਿਸ਼ਾਲ ਮੀਰੀ-ਪੀਰੀ ਖ਼ਾਲਸਾ ਮਾਰਚ ਦਾ ਇਤਿਹਾਸਕ ਕਸਬਾ ਮਹਿਲ ਕਲਾਂ ਵਿਖੇ ਪੁੱਜਣ 'ਤੇ ਇਲਾਕੇ ਦੀਆਂ ਸਮੂਹ ਸੰਗਤਾਂ ਵੱਲੋਂ ਜੈਕਾਰਿਆਂ ਦੀ ਗੂੰਜ ਵਿੱਚ ਭਰਵਾਂ ਅਤੇ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਸੰਗਤਾਂ ਨੂੰ ਬਾਣੀ ਅਤੇ ਬਾਣੇ ਦੇ ਧਾਰਨੀ ਬਣ ਕੇ ਜੁਗੋ-ਜੁਗ ਅਟੱਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗਣ ਤੇ ਸਮਾਜ ਅੰਦਰ ਫੈਲ ਰਹੀਆਂ ਭੈੜੀਆਂ ਅਲਾਮਤਾਂ ਤੇ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਦੀ ਪੁਰਜ਼ੋਰ ਅਪੀਲ ਕੀਤੀ। ਗਿਆਨੀ ਗੜਗੱਜ ਨੇ ਨਸ਼ਿਆਂ ਦੇ ਮੁੱਦੇ 'ਤੇ ਚਿੰਤਾ ਜ਼ਾਹਿਰ ਕਰਦਿਆਂ ਕਿਹਾ ਕਿ ਪਿੰਡਾਂ ਅੰਦਰ ਨਸ਼ਿਆਂ ਦੀ ਭਾਰੀ ਭਰਮਾਰ ਚਿੰਤਾ ਦਾ ਵਿਸ਼ਾ ਹੈ। ਸਮੂਹ ਸੰਗਤਾਂ ਦਾ ਫ਼ਰਜ਼ ਬਣਦਾ ਹੈ ਕਿ ਸਰਕਾਰਾਂ ਨੂੰ ਇਸ ਗੰਭੀਰ ਮਸਲੇ 'ਤੇ ਸਵਾਲ ਕਰਨ ਦੇ ਨਾਲ-ਨਾਲ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਸਮਾਜਿਕ ਪੱਧਰ 'ਤੇ ਮਜ਼ਬੂਤ ਲਾਮਬੰਦੀ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਪਿੰਡ-ਪਿੰਡ ਨਸ਼ਾ ਵੇਚਣ ਵਾਲੇ ਸਮਾਜ ਵਿਰੋਧੀ ਅਨਸਰਾਂ ਦਾ ਪੂਰਨ ਸਮਾਜਿਕ ਬਾਈਕਾਟ ਕੀਤਾ ਜਾਣਾ ਚਾਹੀਦਾ ਹੈ। ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਾਬਾ ਸ਼ੇਰ ਸਿੰਘ ਖ਼ਾਲਸਾ ਦੀ ਅਗਵਾਈ ਹੇਠ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਸਿਰੋਪਾਓ ਤੇ ਸ੍ਰੀ ਸਾਹਿਬ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

ਮਾਨ ਸਰਕਾਰ ਨੇ ਲਿਆਂਦੀ ਖੇਡ ਕ੍ਰਾਂਤੀ : ਰਣਜੋਧ ਸਿੰਘ ਹਡਾਣਾ

ਦੇਵੀਗੜ੍ਹ /ਸਨੌਰ (ਰਾਜਿੰਦਰ ਥਿੰਦ) – ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢ ਕੇ ਖੇਡ ਮੈਦਾਨਾਂ ਨਾਲ ਜੋੜਨ ਲਈ ਇਤਿਹਾਸਕ ਕਦਮ ਚੁੱਕੇ ਜਾ ਰਹੇ ਹਨ। ਇਹ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਹਲਕਾ ਸਨੌਰ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਭੁਨਰਹੇੜੀ ਵਿਖੇ ਖੇਡ ਮੈਦਾਨ ਦਾ ਉਦਘਾਟਨ ਕਰਨ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਰਾਜ ਵਿਚ ਖੇਡ ਕ੍ਰਾਂਤੀ ਲਿਆਂਦੀ ਹੈ। ਇਸ ਮੌਕੇ ਉਨ੍ਹਾਂ ਨਾਲ ਬਲਦੇਵ ਸਿੰਘ ਦੇਵੀਗੜ ਚੇਅਰਮੈਨ, ਚਰਨਜੀਤ ਸਿੰਘ ਨੈਣਾ ਚੇਅਰਮੈਨ, ਉਪ ਚੇਅਰਮੈਨ ਸਿਮਰਜੀਤ ਸਿੰਘ ਸੋਹਲ, ਉਪ ਚੇਅਰਮੈਨ ਹਰਪ੍ਰੀਤ ਸਿੰਘ ਘੁੰਮਣ, ਬੀ ਡੀ ਪੀ ਓ ਸੰਦੀਪ ਸਿੰਘ, ਸਰਪੰਚ ਵਕੀਲ ਮਸ਼ਾਲ, ਸਰਪੰਚ ਗੁਰਪ੍ਰੀਤ ਸਿੰਘ ਸਰਵਾਰਾ ਬਲਾਕ ਪ੍ਰਧਾਨ, ਜਸਪਾਲ ਸਿੰਘ, ਹਰਵਿੰਦਰ ਸਿੰਘ ਅਦਾਲਤੀਵਾਲਾ, ਕਸ਼ਮੀਰ ਸਿੰਘ ਫੌਜੀ, ਮੇਜਰ ਸਿੰਘ ਸਵਾਈ ਸਿੰਘ ਵਾਲਾ, ਰਾਜਵਿੰਦਰ ਸਿੰਘ ਪੰਚ, ਸਰਪੰਚ ਰਾਜਾ ਧੰਜੂ, ਕੋਚ ਲਤੀਫ ਮੁਹੰਮਦ, ਭਗਵਾਨ ਸਿੰਘ ਭੁੰਨਰਹੇੜੀ, ਚਰਨਜੀਤ ਸਿੰਘ ਬਾਜਵਾ ਸਮੇਤ ਹੋਰ ਪੰਚਾਇਤੀ ਨੁਮਾਇੰਦੇ ਖੇਡ ਪ੍ਰੇਮੀ ਅਤੇ ਨੇੜਲੇ ਪਿੰਡ ਵਾਸੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ ।

ਧਰਮਸ਼ਾਲਾ ਦੇ ਬਾਗਲੀ 'ਚ ਇਲੈਕਟ੍ਰੋਹੋਮਿਓਪੈਥਿਕ ਪ੍ਰਯੋਗਸ਼ਾਲਾ ਦਾ ਉਦਘਾਟਨ

ਮੋਗਾ (ਇਕਬਾਲ ਸਿੰਘ ਖਹਿਰਾ) - ਰਬੀਸਨ ਇੰਸਟੀਚਿਊਟ ਆਫ਼ ਇਲੈਕਟ੍ਰੋ- ਹੋਮਿਓਪੈਥੀ ਐਜੂਕੇਸ਼ਨ ਐਂਡ ਰਿਸਰਚ ਫਾਊਂਡੇਸ਼ਨ ਵਲੋਂ ਸੰਚਾਲਿਤ ਸਰਵੋਦਿਆ ਇੰਸਟੀਚਿਊਟ ਆਫ਼ ਇਲੈਕਟ੍ਰੋਹੋਮਿਓਪੈਥੀ ਧਰਮਸ਼ਾਲਾ ਸਥਿਤ ਬਾਗਲੀ ਵਿੱਚ ਅਤਿ-ਆਧੁਨਿਕ ਤਕਨੀਕ 'ਤੇ ਅਧਾਰਿਤ ਇੱਕ ਪ੍ਰਯੋਗਸ਼ਾਲਾ ਦਾ ਉਦਘਾਟਨ ਕੀਤਾ ਗਿਆ। ਸਮਾਗਮ ਵਿੱਚ ਪਹੁੰਚੇ ਮੁੱਖ ਮਹਿਮਾਨ ਡਾ. ਸੰਜੀਵ ਸ਼ਰਮਾ ਨੇ ਦੱਸਿਆ ਕਿ ਇੱਥੇ ਪੜ੍ਹਾਈ ਕਰਨ ਵਾਲੇ ਵਿਦਿਆਰਥੀਆਂ ਨੂੰ ਮੈਡੀਕਲ ਸਾਇੰਸ ਅਤੇ ਦਵਾਈ ਨਿਰਮਾਣ ਤਕਨਾਲੋਜੀ ਦੀ ਸਿੱਖਿਆ ਦਿੱਤੀ ਜਾ ਰਹੀ ਹੈ। ਬਨਸਪਤੀ-ਵਿਗਿਆਨ ਅਨੁਸਾਰ ਰੁੱਖਾਂ-ਪੌਦਿਆਂ ਵਿੱਚ ਚਿਕਿਤਸਕ ਗੁਣਾਂ ਨਾਲ ਭਰਪੂਰ ਵੱਖ-ਵੱਖ ਤਰ੍ਹਾਂ ਦੇ ਜੈਵਿਕ ਤੱਤ ਪਾਏ ਜਾਂਦੇ ਹਨ ਜੋ ਸਰੀਰ ਨੂੰ ਤੰਦਰੁਸਤ ਰੱਖਣ ਵਿੱਚ ਮਦਦਗਾਰ ਹੁੰਦੇ ਹਨ। ਡਾ ਸ਼ਰਮਾ ਅਨੁਸਾਰ, ਇਸ ਚਿਕਿਤਸਾ ਪ੍ਰਣਾਲੀ ਵਿੱਚ ਪੌਦਿਆਂ ਦੀ ਘੱਟੋ-ਘੱਟ ਮਾਤਰਾ ਦੀ ਵਰਤੋਂ ਕਰਕੇ ਵੱਧ ਤੋਂ ਵੱਧ ਦਵਾਈ (ਡੋਜ਼ਿਜ਼) ਤਿਆਰ ਕੀਤੀ ਜਾਂਦੀ ਹੈ। ਹਿਮਾਚਲ ਇਲੈਕਟ੍ਰੋਹੋਮਿਓਪੈਥਿਕ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਡਾ. ਰਵੀ ਕੁਮਾਰ ਨੇ ਸੱਦਾ ਦਿੱਤਾ ਕਿ ਸੂਬੇ ਦੇ ਨੌਜਵਾਨਾਂ ਨੂੰ ਇਸ ਪ੍ਰਣਾਲੀ ਵਿੱਚ ਸਿਖਲਾਈ ਲੈ ਕੇ ਸਵੈ-ਰੁਜ਼ਗਾਰ ਵੱਲ ਵਧਣਾ ਚਾਹੀਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਇੱਥੇ ਕਈ ਸੂਬਿਆਂ ਦੇ ਵਿਦਿਆਰਥੀ ਤਿੰਨ ਸਾਲਾ ਡਿਪਲੋਮਾ ਕੋਰਸ ਕਰ ਰਹੇ ਹਨ। ਇਸ ਮੌਕੇ ਸੰਸਥਾ ਦੇ ਵਿਦਿਆਰਥੀਆਂ ਨੇ ਮੁੱਖ ਮਹਿਮਾਨ ਡਾ. ਸੰਜੀਵ ਸ਼ਰਮਾ ਅਤੇ ਵਿਸ਼ੇਸ਼ ਮਹਿਮਾਨ ਡਾ. ਰਵੀ ਕੁਮਾਰ ਨੂੰ ਗੁਲਦਸਤੇ ਦੇ ਕੇ ਸਨਮਾਨਿਤ ਕੀਤਾ ਅਤੇ ਆਪਣੇ ਵਿਚਾਰ ਸਾਂਝੇ ਕੀਤੇ । ਸੰਸਥਾ ਦੇ ਪ੍ਰਿੰਸੀਪਲ ਡਾ. ਅਸ਼ੋਕ ਭਾਰਦਵਾਜ ਨੇ ਸੰਸਥਾਗਤ ਗਤੀਵਿਧੀਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਾਰਜਕਾਰੀ ਕਮੇਟੀ (ਡਾਇਰੈਕਟਰ

ਬੋਰਡ) ਦੇ ਨਿਰਦੇਸ਼ਾਂ ਅਨੁਸਾਰ ਸਾਰੇ ਵਿਦਿਆਰਥੀਆਂ ਨੂੰ ਵੱਖ-ਵੱਖ ਵਿਸ਼ਿਆਂ ਦੀ ਪੜ੍ਹਾਈ ਦੇ ਨਾਲ-ਨਾਲ ਨਿੱਜੀ ਜੀਵਨ ਜਿਊਣ ਦੀ ਕਲਾ ਵੀ ਸਿਖਾਈ ਜਾ ਰਹੀ ਹੈ । ਆਰ.ਆਈ.ਈ.ਆਰ.ਐਫ ਦੇ ਡਾਇਰੈਕਟਰ ਸੁਰਿੰਦਰ ਠਾਕੁਰ ਨੇ ਹਾਜ਼ਰ ਪ੍ਰਤੀਭਾਗੀਆਂ, ਵਿਦਿਆਰਥੀਆਂ ਅਤੇ ਮਾਪਿਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਇਸ ਸਮੇਂ ਜੀਵਨ ਸ਼ੈਲੀ ਨਾਲ ਜੁੜੀਆਂ ਸਮੱਸਿਆਵਾਂ ਤੋਂ ਇਲਾਵਾ ਮੋਬਾਈਲ ਫ਼ੋਨ ਦੀ ਲਤ ਦੇ ਮਰੀਜ਼ਾਂ ਦੀ ਗਿਣਤੀ ਦਿਨੋ-ਦਿਨ ਵੱਧਦੀ ਜਾ ਰਹੀ ਹੈ, ਜੋ ਭਵਿੱਖ ਵਿੱਚ ਇੱਕ ਵੱਡੀ ਚੁਣੌਤੀ ਬਣ ਸਕਦੀ ਹੈ।

ਬਾਬਾ ਫ਼ਰੀਦ ਸੁਸਾਇਟੀ ਨੇ ਵੱਕਾਰੀ ਐਵਾਰਡਾਂ ਲਈ ਅਰਜ਼ੀਆਂ ਮੰਗੀਆਂ

ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)- ਬਾਬਾ ਫ਼ਰੀਦ ਜੀ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਨਗਰੀ ਵਿਖੇ 19 ਸਤੰਬਰ ਤੋਂ 23 ਸਤੰਬਰ ਤੱਕ ਮਨਾਏ ਜਾਦੇ ਬਾਬਾ ਫਰੀਦ ਆਗਮਨ ਪੁਰਬ ਦੌਰਾਨ ਹਰੇਕ ਸਾਲ ਦੋ ਵੱਕਾਰੀ ਐਵਾਰਡ ਦਿੱਤੇ ਹਨ।ਬਾਬਾ ਫ਼ਰੀਦ ਐਵਾਰਡ ਫਾਰ ਸਰਵਿਸ ਟੂ ਹਿਊਮੈਨਿਟੀ ਤੇ ਇੰਦਰਜੀਤ ਸਿੰਘ ਖਾਲਸਾ ਯਾਦਗਾਰੀ ਐਵਾਰਡ ਲਈ ਪ੍ਰਬੰਧਕ ਕਮੇਟੀ ਨੇ ਅਰਜ਼ੀਆਂ ਦੀ ਮੰਗ ਕੀਤੀ ਹੈ।ਗੁਰਦੁਆਰਾ ਗੋਦੜੀ ਸਾਹਿਬ ਤੇ ਟਿੱਲਾ ਬਾਬਾ ਫ਼ਰੀਦ ਰਿਲੀਜੀਅਸ ਤੇ ਚੈਰੀਟੇਬਲ ਸੁਸਾਇਟੀ ਵੱਲੋਂ ਸਿਮਰਜੀਤ ਸਿੰਘ ਸੇਖੋਂ ਪ੍ਰਧਾਨ ਦੀ ਪ੍ਰਧਾਨਗੀ ਹੇਠ ਦੋਹਾਂ ਐਵਾਰਡਾਂ ਸਬੰਧੀ ਮੀਟਿੰਗ ਕੀਤੀ ਗਈ। ਸੇਖੋਂ ਨੇ ਦੱਸਿਆ ਕਿ ਇਸ ਸਬੰਧੀ ਅਰਜ਼ੀਆਂ 10 ਸਤੰਬਰ ਤੋਂ ਪਹਿਲਾਂ ਪਹਿਲਾਂ ਬਾਬਾ ਫ਼ਰੀਦ ਪਬਲਿਕ ਸਕੂਲ, ਹਰਿੰਦਰਾ ਨਗਰ ਦੇ ਦਫ਼ਤਰ ਵਿਖੇ ਜਾਂ ਈ-ਮੇਲ 'ਤੇ ਭੇਜੀਆਂ ਜਾਣ।ਇਹ ਅਰਜ਼ੀਆਂ ਵਿਅਕਤੀਆਂ ਜਾਂ ਸੰਸਥਾਵਾਂ ਵੱਲੋਂ ਖੁਦ ਵੀ ਦਿੱਤੀਆਂ ਜਾ ਸਕਦੀਆਂ ਹਨ ਜਾਂ ਫੇਰ ਕਿਸੇ ਦੂਜੇ ਵਿਅਕਤੀ ਵੱਲੋਂ ਵੀ ਕਿਸੇ ਵਿਅਕਤੀ ਜਾਂ ਸੰਸਥਾ ਬਾਰੇ ਅਰਜ਼ੀ ਭੇਜੀ ਜਾ ਸਕਦੀ ਹੈ, ਪਰ ਅਰਜ਼ੀ 2 ਵਿਅਕਤੀਆਂ ਵੱਲੋਂ ਤਸਦੀਕਸ਼ੁਦਾ ਹੋਣੀ ਲਾਜ਼ਮੀ ਹੈ। ਬਾਬਾ ਫ਼ਰੀਦ ਮੇਲੇ ਦੇ ਆਖਰੀ ਦਿਨ 23 ਸਤੰਬਰ ਨੂੰ ਨਗਰ ਕੀਰਤਨ ਉਪਰੰਤ ਗੁਰਦੁਆਰਾ ਗੋਦੜੀ ਵਿਖੇ ਇਹ ਐਵਾਰਡ ਪ੍ਰਦਾਨ ਕੀਤੇ ਜਾਣਗੇ।ਸੇਖੋਂ ਅਨੁਸਾਰ ਬਾਬਾ ਫ਼ਰੀਦ ਐਵਾਰਡ ਫਾਰ ਸਰਵਿਸ ਟੂ ਹਿਊਮੈਨਿਟੀ ਵਿੱਚ ਸਿਰੋਪਾਉ, ਦੁਸ਼ਾਲਾ, ਸਾਈਟੇਸ਼ਨ ਤੇ 2 ਲੱਖ ਦੀ ਰਾਸ਼ੀ ਜਦੋਂਕਿ ਇੰਦਰਜੀਤ ਸਿੰਘ ਖਾਲਸਾ ਯਾਦਗਰੀ ਐਵਾਰਡ ਵਿੱਚ ਸਿਰੋਪਾਉ, ਦੁਸ਼ਾਲਾ, ਸਾਈਟੇਸ਼ਨ ਤੇ 1 ਲੱਖ ਦੀ ਰਾਸ਼ੀ ਦਿੱਤੀ ਜਾਂਦੀ ਹੈ।

ਡਾ. ਕੰਗ ਨੇ ਚੇਅਰਮੈਨ ਸਿੱਧੂ ਦਾ ਕੀਤਾ ਵਿਸ਼ੇਸ਼ ਸਨਮਾਨ

ਜਗਰਾਉਂ (ਸੰਜੀਵ ਅਰੋੜਾ)- ਆਮ ਆਦਮੀ ਪਾਰਟੀ ਦੇ ਹਲਕਾ ਦਾਖਾ ਤੋਂ ਇੰਚਾਰਜ ਡਾ. ਕੰਵਰ ਨੈਨ ਸਿੰਘ ਕੰਗ ਵੱਲੋਂ ਨਵ-ਨਿਯੁਕਤ ਮਾਰਕੀਟ ਕਮੇਟੀ ਚੇਅਰਮੈਨ ਪਰਮਿੰਦਰ ਸਿੰਘ ਸਿੱਧੂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ ਅਤੇ ਉਹਨਾਂ ਨੂੰ ਇਸ ਨਵੀਂ ਜ਼ਿੰਮੇਵਾਰੀ ਲਈ ਮੁਬਾਰਕਬਾਦ ਦਿੱਤੀ ਗਈ। ਇਸ ਮੌਕੇ ਗੱਲਬਾਤ ਕਰਦਿਆਂ ਡਾ. ਕੰਗ ਨੇ ਨਵ-ਨਿਯੁਕਤ ਚੇਅਰਮੈਨ ਨੂੰ ਪਾਰਟੀ ਦੀ ਮਜ਼ਬੂਤੀ ਅਤੇ ਲੋਕ ਸੇਵਾ ਲਈ ਹੋਰ ਵੀ ਸਖ਼ਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਇਸ ਸਨਮਾਨ ਸਮਾਰੋਹ ਦੌਰਾਨ ਬਲਾਕ ਪ੍ਰਧਾਨ ਬਲਕਾਰ ਸਿੰਘ ਲਾਡੀ, ਅਮਨਦੀਪ ਸਿੰਘ ਸਦਰਪੁਰਾ, ਨਵਜਿੰਦਰ ਸਿੰਘ (ਪੰਚ), ਦਲਵੀਰ ਸਿੰਘ (ਪੰਚ), ਗੁਰਸੇਵਕ ਸਿੰਘ (ਪੰਚ), ਰਾਮ ਲਾਲ (ਪੰਚ), ਬਲਵੀਰ ਸਿੰਘ ਬੁੱਟਰ, ਅਰਮਾਨ ਗਿੱਲ, ਮਾਸਟਰ ਰਜਿੰਦਰ ਸਿੰਘ ਸਿੱਧੂ, ਖੁਸ਼ਵੰਤ ਸਿੰਘ ਮਨੀ, ਹਰਮਿੰਦਰ ਸਿੰਘ ਸਿੱਧੂ ਤੇ ਰਾਜ ਸਿੱਧੂ ਆਦਿ ਹਾਜ਼ਰ ਸਨ।

ਸਾਂਝਾ ਪੰਜਾਬ ਪਾਰਟੀ ਵੱਲੋਂ ਲੋਕਾਂ ਨੂੰ ਸਿਸਟਮ ਬਦਲਣ ਦਾ ਹੋਕਾ

ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)- ਸਾਂਝਾ ਪੰਜਾਬ ਪਾਰਟੀ ਦੀ ਮੀਟਿੰਗ ਪਾਰਟੀ ਦੇ ਸਟੇਟ ਖ਼ਜ਼ਾਨਚੀ ਮਨਪ੍ਰੀਤ ਸਿੰਘ ਭੁਪਾਲ ਦੀ ਪ੍ਰਧਾਨਗੀ ਹੇਠ ਸਥਾਨਕ ਰੋਇਲ ਸਿਟੀ ਵਿਖੇ ਹੋਈ ਜਿਸ ਵਿੱਚ ਪਾਰਟੀ ਪ੍ਰਧਾਨ ਅਤੇ ਸਾਬਕਾ ਸ਼ੈਸ਼ਨ ਜੱਜ ਪਰਮਿੰਦਰ ਪਾਲ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਪ੍ਰਧਾਨ ਪਰਮਿੰਦਰਪਾਲ ਸਿੰਘ ਨੇ ਕਿਹਾ ਕਿ ਦੇਸ਼ ਦੀ ਅਜ਼ਾਦੀ ਤੋਂ ਲੈ ਕੇ ਅੱਜ ਤੱਕ ਪੰਜਾਬ ਵਿੱਚ ਵੱਖ ਵੱਖ ਪਾਰਟੀਆਂ ਦੀਆਂ ਸਰਕਾਰਾਂ ਨੇ ਸਮਾਜ ਦੇ ਲੋਕਾਂ ਪ੍ਰਤੀ ਘੱਟ ਸੋਚਿਆ ਅਤੇ ਆਪਣੀਆਂ ਜਾਇਦਾਦਾਂ ਬਣਾਉਣ ਅਤੇ ਆਪਣੇ ਪਰਿਵਾਰਾਂ ਨੂੰ ਉਚਾ ਚੁੱਕਣ ,ਪਰਿਵਾਰਵਾਦ ਪ੍ਰਤੀ ਹੀ ਸੋਚਿਆ ਤੇ ਕੰਮ ਕੀਤਾ ਹੈ। ਮਜ਼ਦੂਰਾਂ, ਕਿਸਾਨਾਂ , ਉਦਯੋਗ, ਰੁਜ਼ਗਾਰ , ਸਿੱਖਿਆ ਖੇਤਰ , ਸਿਹਤ ਖੇਤਰ ,ਪੰਜਾਬ ਦੇ ਵਿਕਾਸ ਮੁੱਦੇ 78 ਸਾਲ ਬੀਤ ਜਾਣ 'ਤੇ ਵੀ ਹੱਲ ਨਹੀ ਹੋਏ। ਮੀਟਿੰਗ ਵਿੱਚ ਸਟੇਟ ਪ੍ਰਧਾਨ ਕੁਲਵੰਤ ਸਿੰਘ ਮੱਲ੍ਹੀ, ਆਲ ਇੰਡੀਆ ਬੈਕਵਰਡ ਕਲਾਸਿਸ ਫੈਡਰੇਸ਼ਨ (ਯੂਨਿਟ ਪੰਜਾਬ), ਸਾਬਕਾ ਡਾਇਰੈਕਟਰ ਹੈਲਥ ਰਣਜੀਤ ਸਿੰਘ, ਉੱਘੇ ਸਮਾਜ ਸੇਵਕ ਨਿਰਮਲ ਸਿੰਘ ਸੋਖੀ, ਐਡਵੋਕੇਟ ਬਿਲਾਵਲ ਸਿੰਘ, ਜਸਪਾਲ ਸਿੰਘ ਭੁਪਾਲ ਡੀਲਰ ਕਾਰ ਬਜ਼ਾਰ , ਸਮਾਜ ਸੇਵਕ ਮੁੱਖਤਿਆਰ ਸਿੰਘ, ਅਮਰਿੰਦਰ ਸਿੰਘ ਵਿਰਦੀ, ਸਤਨਾਮ ਸਿੰਘ ਪਟਵਾਰੀ, ਗੁਰਦਿਆਲ ਸਿੰਘ, ਮੇਜਰ ਸਿੰਘ ਬੱਤਰਾ ਅਤੇ ਜਸਪਿੰਦਰ ਸਿੰਘ ਆਦਿ ਹਾਜ਼ਰ ਸਨ।

ਮਾਵਾਂ-ਧੀਆਂ ਸਤਿਕਾਰ ਯੋਜਨਾ ਤੇ ਸਿਹਤ ਸਕੀਮ ਲਾਗੂ ਕਰਨ 'ਚ ਕੋਹਲ਼ੀ ਦੀ ਅਹਿਮ ਭੂਮਿਕਾ

ਪਟਿਆਲਾ (ਰਾਜਿੰਦਰ ਸਿੰਘ ਥਿੰਦ) -ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਔਰਤਾਂ ਦੇ ਸਮਾਜਿਕ ਅਤੇ ਆਰਥਿਕ ਸ਼ਸ਼ਕਤੀ ਕਰਨ ਲਈ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਅਤੇ ਸਿਹਤ ਯੋਜਨਾ ਸਕੀਮ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਵਿੱਚ ਹਲਕਾ ਪਟਿਆਲਾ ਸ਼ਹਿਰੀ ਦੇ ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਦੀ ਅਹਿਮ ਭੂਮਿਕਾ ਹੈ ! ਅਜੀਤ ਪਾਲ ਕੋਹਲੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀ ਇਸ ਇਤਿਹਾਸਕ ਯੋਜਨਾ ਤਹਿਤ ਸੂਬੇ ਭਰ ਦੀਆਂ 75 ਲੱਖ ਤੋਂ ਵੱਧ ਯੋਗ ਔਰਤਾਂ ਨੂੰ ਹਰ ਮਹੀਨੇ 1,000 ਤੋਂ 1,500 ਰੁਪਏ ਦੀ ਵਿੱਤੀ ਸਹਾਇਤਾ ਰਾਸ਼ੀ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਹਲਕਾ ਸਨੌਰ ਦੇ ਪਿੰਡ-ਪਿੰਡ ਅਤੇ ਸ਼ਹਿਰੀ ਖੇਤਰਾਂ ਵਿੱਚ ਯੋਗ ਮਹਿਲਾਵਾਂ ਤੱਕ ਇਸ ਸਕੀਮ ਦਾ ਲਾਭ ਪੂਰੀ ਪਾਰਦਰਸ਼ਤਾ ਨਾਲ ਪਹੁੰਚਾਇਆ ਜਾ ਰਿਹਾ ਹੈ । ਉਹਨਾਂ ਨੇ ਅੱਗੇ ਕਿਹਾ ਕਿ ਪੰਜਾਬ ਦੀਆਂ ਧੀਆਂ ਅੱਜ ਹਰ ਖੇਤਰ ਵਿੱਚ ਮੱਲਾਂ ਮਾਰ ਰਹੀਆਂ ਹਨ ਅਤੇ ਮਾਨ ਸਰਕਾਰ ਵੱਲੋਂ 29,000 ਸਵੈ-ਸਹਾਇਤਾ ਸਮੂਹਾਂ ਨਾਲ ਜੁੜੀਆਂ 3 ਲੱਖ ਔਰਤਾਂ ਨੂੰ 631 ਕਰੋੜ ਰੁਪਏ ਦੇ ਵਿਆਜ-ਮੁਕਤ ਕਰਜ਼ੇ ਦੇ ਕੇ ਉਨ੍ਹਾਂ ਨੂੰ ਆਪਣੇ ਪੈਰਾਂ 'ਤੇ ਖੜ੍ਹਾ ਕੀਤਾ ਗਿਆ ਹੈ। ਉਹਨਾਂ ਕਿਹਾ ਕਿ 10 ਲੱਖ ਰੁਪਏ ਤੱਕ ਦੇ ਮੁਫ਼ਤ ਅਤੇ ਕੈਸ਼ਲੈੱਸ ਇਲਾਜ ਦੀ ਸੁਵਿਧਾ ਦੇ ਨਾਲ-ਨਾਲ ਸੂਬੇ ਭਰ ਵਿੱਚ ਖੋਲ੍ਹੇ ਗਏ ਮੁਹੱਲਾ ਕਲੀਨਿਕਾਂ ਨੇ ਸਿਹਤ ਖੇਤਰ ਚ ਲੋਕਾਂ ਨੂੰ ਵਧਿਆ ਅਤੇ ਮੁਫ਼ਤ ਇਲਾਜ ਦੀ ਸਹੂਲਤ ਪ੍ਰਦਾਨ ਕੀਤੀ!

ਸਰਕਾਰੀ ਸੀਨੀਅਰ ਸੈਕੰਡਰੀ ਚੱਕ ਵੈਰੋਕੇ ਵਿਖੇ ਕ੍ਰਿਕਟ ਟੂਰਨਾਮੈਂਟ

ਜਲਾਲਾਬਾਦ (ਜੀਤ ਕੁਮਾਰ) - ਪੰਜਾਬ ਰਾਜ ਸਕੂਲਾਂ ਦੀਆਂ 70ਵੀਆਂ ਖੇਡਾਂ ਤਹਿਤ ਜ਼ਿਲ੍ਹਾ ਪੱਧਰੀ ਖੇਡਾ ਅੰਡਰ 17 ਕ੍ਰਿਕਟ (ਲੜਕੇ) ਟੂਰਨਾਮੈਂਟ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੱਕ ਵੈਰੋਕੇ ਵਿਖੇ ਕਰਵਾਇਆ ਗਿਆ। ਇਸ ਟੂਰਨਾਮੈਂਟ ਵਿੱਚ ਜ਼ਿਲ੍ਹੇ ਦੇ ਸਾਰੇ 10 ਜ਼ੋਨਾਂ ਨੇ ਭਾਗ ਲਿਆ। ਜ਼ਿਲ੍ਹਾ ਪੱਧਰੀ ਟੂਰਨਾਮੈਂਟ ਦਾ ਫਾਈਨਲ ਮੈਚ ਮੰਗਲਵਾਰ ਨੂੰ ਮੁਹੰਮਦ ਪੀਰਾ ਜੋਨ ਅਤੇ ਅਬੋਹਰ ਜੋਨ ਵਿਚਾਲੇ ਖੇਡਿਆ ਗਿਆ, ਜਿਸ ਵਿੱਚ ਮੁਹੰਮਦ ਪੀਰਾ ਜੋਨ ਨੇ ਫਾਇਨਲ ਮੈਚ ਜਿੱਤ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਦੂਜਾ ਸਥਾਨ ਅਬੋਹਰ ਜੋਨ ਅਤੇ ਜਲਾਲਾਬਾਦ ਜੋਨ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਟੂਰਨਾਮੈਂਟ ਦੇ ਫਾਈਨਲ ਮੈਚ ਵਿਚ ਮੁੱਖ ਮਹਿਮਾਨ ਵਜੋਂ ਸਮਾਜ ਸੇਵੀ ਅਤੇ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਸਿੱਖਿਆ ਸ਼ਾਸਤਰੀ ਮੈਂਬਰ ਦੇਵ ਰਾਜ ਸ਼ਰਮਾ ਸਾਬਕਾ ਚੇਅਰਮੈਨ ਨੇ ਸ਼ਿਰਕਤ ਕੀਤੀ। ਪ੍ਰਿੰਸੀਪਲ ਸੁਮਿਤ ਨਾਰੰਗ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਲੇਲ ਕੇ ਹਾਸਲ ਅਤੇ ਹਰਬੰਸ ਸਿੰਘ ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੱਕ ਵੈਰੋਕੇ ਦੀ ਮੌਜੂਦਗੀ ਵਿਚ ਮੈਚ ਸੰਪੰਨ ਹੋਏ। ਇਨਾਮ ਵੰਡ ਸਮਾਰੋਹੇ ਵਿਚ ਸਮਾਜ ਸੇਵਕ ਦੇਵ ਰਾਜ ਸ਼ਰਮਾ ਨੇ ਜੇਤੂ ਟੀਮਾਂ ਨੂੰ ਸਨਮਾਨਿਤ ਕੀਤਾ ਟੂਰਨਾਮੈਂਟ ਕਰਵਾਉਣ 'ਚ ਕੋ-ਕਨਵੀਨਰ ਮਨਦੀਪ ਕੰਬੋਜ, ਅਨਿਸ਼ ਕੁਮਾਰ, ਰਵੀ ਕੁਮਾਰ, ਬਲਜੀਤ ਸਿੰਘ, ਕਸ਼ਿਸ਼ ਤਨਵਰ, ਅਮਰਿੰਦਰ ਸਿੰਘ, ਲਪ੍ਰੀਤ ਸਿੰਘ, ਗੁਰਜੀਤ ਸਿੰਘ, ਗੁਰਵਿੰਦਰ ਸਿੰਘ, ਸੁਖਵਿੰਦਰ ਸਿੰਘ ਵੱਲੋਂ ਅਹਿਮ ਭੂਮਿਕਾ ਨਿਭਾਈ ਗਈ।

ਵਿਦਿਆਰਥੀਆਂ ਨੂੰ ਵੋਟਰ ਸੂਚੀ 'ਚ ਨਾਂਅ ਦਰਜ ਕਰਵਾਉਣ ਲਈ ਕੀਤਾ ਜਾਗਰੂਕ

ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)- ਪੰਜਾਬ ਰਾਜ ਵਿੱਚ ਚੱਲ ਰਹੇ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਤਹਿਤ ਜ਼ਿਲ੍ਹਾ ਫ਼ਰੀਦਕੋਟ ਵਿੱਚ ਵੋਟਰ ਜਾਗਰੂਕਤਾ ਮੁਹਿੰਮ ਨੂੰ ਹੋਰ ਤੇਜ਼ ਕਰ ਦਿੱਤਾ ਗਿਆ ਹੈ। ਇਸੇ ਲੜੀ ਅਧੀਨ ਉਚੇਰੀ ਸਿੱਖਿਆ ਵਿਭਾਗ ਪੰਜਾਬ ਦੀਆਂ ਹਦਾਇਤਾਂ 'ਤੇ ਸਰਕਾਰੀ ਬ੍ਰਜਿੰਦਰਾ ਕਾਲਜ, ਫ਼ਰੀਦਕੋਟ ਦੇ ਕਲਪਨਾ ਚਾਵਲਾ ਬਲਾਕ ਸਥਿਤ ਸੈਮੀਨਾਰ ਹਾਲ ਵਿਖੇ ਇੱਕ ਵਿਸ਼ੇਸ਼ ਵੋਟਰ ਐਨਰੋਲਮੈਂਟ ਡਰਾਈਵ ਦਾ ਆਯੋਜਨ ਕੀਤਾ ਗਿਆ।ਇਸ ਜਾਗਰੂਕਤਾ ਸਮਾਗਮ ਦੌਰਾਨ ਜ਼ਿਲ੍ਹਾ ਚੋਣ ਦਫ਼ਤਰ ਫ਼ਰੀਦਕੋਟ ਦੀ ਟੈਕਨੀਕਲ ਟੀਮ ਨੇ ਵਿਦਿਆਰਥੀਆਂ ਨੂੰ ਵੋਟਰ ਸੂਚੀ ਵਿੱਚ ਆਪਣਾ ਨਾਂ ਦਰਜ ਕਰਵਾਉਣ ਅਤੇ ਵੱਖ-ਵੱਖ ਫਾਰਮ ਆਨਲਾਈਨ ਭਰਨ ਦੀ ਪੂਰੀ ਪ੍ਰਕਿਰਿਆ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ, ਐਸ.ਆਈ.ਆਰ. ਤਹਿਤ ਚੱਲ ਰਹੇ ਨੋਟਿਸ ਫੇਜ਼, ਦਾਅਵਿਆਂ ਅਤੇ ਇਤਰਾਜ਼ਾਂ ਦੀ ਵਿਵਸਥਾ ਬਾਰੇ ਵੀ ਵਿਦਿਆਰਥੀਆਂ ਨੂੰ ਵਿਸਥਾਰ ਨਾਲ ਦੱਸਿਆ ਗਿਆ।ਇਸ ਸਮਾਗਮ ਵਿੱਚ ਨਗਰ ਸੁਧਾਰ ਟਰੱਸਟ ਫ਼ਰੀਦਕੋਟ ਦੇ ਚੇਅਰਮੈਨ ਸ੍ਰੀ ਗਗਨਦੀਪ ਸਿੰਘ ਧਾਲੀਵਾਲ, ਜ਼ਿਲ੍ਹਾ ਚੋਣ ਤਹਿਸੀਲਦਾਰ ਸ਼੍ਰੀਮਤੀ ਪੂਨਮ ਸਿੱਧੂ, ਡਾ. ਪੂਜਾ ਭੱਲਾ, ਪ੍ਰੋਫੈਸਰ ਨਰਿੰਦਰਜੀਤ ਬਰਾੜ, ਜ਼ਿਲ੍ਹਾ ਚੋਣ ਦਫ਼ਤਰ ਦੇ ਪ੍ਰੋਗਰਾਮਰ ਸ੍ਰੀ ਵਿਸ਼ਾਲ ਪ੍ਰਾਸ਼ਰ ਅਤੇ ਕਾਲਜ ਦੇ ਵਿਦਿਆਰਥੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰ ਯੂਨੀਅਨ ਏਟਕ ਦੀ ਮੀਟਿੰਗ 'ਚ ਅਹਿਮ ਵਿਚਾਰਾਂ

ਮੋਗਾ (ਇਕਬਾਲ ਸਿੰਘ ਖਹਿਰਾ) - ਪੰਜਾਬ ਗੌਰਮੈਂਟ ਟਰਾਂਸਪੋਰਟ ਵਰਕਰ ਯੂਨੀਅਨ ਏਟਕ ਦੀ ਸੈਂਟਰ ਬਾਡੀ ਦੀ ਅਹਿਮ ਮੀਟਿੰਗ ਹੋਈ। ਮੀਟਿੰਗ ਦੀ ਪ੍ਰਧਾਨਗੀ ਦੀਦਾਰ ਸਿੰਘ ਮੰਡ, ਪ੍ਰਧਾਨ ਵੱਲੋਂ ਕੀਤੀ ਗਈ।ਮੀਟਿੰਗ ਦੌਰਾਨ ਪਿਛਲੇ ਦਿਨਾਂ ਵਿੱਚ ਹੋਏ ਸੰਘਰਸ਼ਾਂ ਅਤੇ ਆਉਣ ਵਾਲੇ ਐਕਸ਼ਨਾਂ ਬਾਰੇ ਵਿਸਥਾਰਪੂਰਵਕ ਰਿਪੋਰਟ ਗੁਰਜੰਟ ਸਿੰਘ ਕੋਕਰੀ, ਜਨਰਲ ਸਕੱਤਰ ਵੱਲੋਂ ਪੇਸ਼ ਕੀਤੀ ਗਈ। ਉਨ੍ਹਾਂ ਨੇ ਬੋਲਦਿਆਂ ਕਿਹਾ ਕਿ ਅੱਜ ਪੰਜਾਬ ਰੋਡਵੇਜ਼ ਵਿਭਾਗ ਦੀ ਹਾਲਤ ਬਹੁਤ ਹੀ ਚਿੰਤਾਜਨਕ ਹੈ। ਸਰਕਾਰ ਆਪਣੇ ਕਾਰਜਕਾਲ ਦੇ ਆਖਰੀ ਦੌਰ ਵਿੱਚ ਪਹੁੰਚ ਚੁੱਕੀ ਹੈ, ਪਰ ਅਜੇ ਤੱਕ ਪੰਜਾਬ ਰੋਡਵੇਜ਼ ਵਿੱਚ ਇੱਕ ਵੀ ਨਵੀਂ ਬੱਸ ਨਹੀਂ ਪਾਈ ਗਈ।ਦਫ਼ਤਰੀ ਕਾਮਿਆਂ ਦੀਆਂ ਲੰਮੇ ਸਮੇਂ ਤੋਂ ਤਰੱਕੀਆਂ ਸਮੇਂ ਸਿਰ ਨਹੀਂ ਕੀਤੀਆਂ ਜਾ ਰਹੀਆਂ। ਸਰਕਾਰ ਵੱਲੋਂ ਹਰ ਸਾਲ ਬਦਲੀਆਂ ਦਾ ਸਮਾਂ ਨਿਰਧਾਰਤ ਕੀਤਾ ਜਾਂਦਾ ਹੈ, ਪਰ ਪਿਛਲੇ ਸਾਲ ਦੀ ਤਰ੍ਹਾਂ ਇਸ ਵਾਰ ਵੀ ਮੁਲਾਜ਼ਮਾਂ ਨੂੰ ਸਿਰਫ਼ ਲਾਰੇ-ਲੱਪੇ ਲਗਾਏ ਜਾ ਰਹੇ ਹਨ । ਮੀਟਿੰਗ ਦੌਰਾਨ ਪਿਛਲੇ ਦਿਨੀਂ ਸਾਂਝੇ ਮੁਲਾਜ਼ਮ ਮੰਚ ਵੱਲੋਂ ਕੀਤੀਆਂ ਗਈਆਂ ਜ਼ਿਲ੍ਹਾ ਪੱਧਰੀ ਰੈਲੀਆਂ ਦੀ ਸਮੀਖਿਆ ਕੀਤੀ ਗਈ। ਇਸ ਮੌਕੇ ਸਾਥੀ ਜਗਦੀਸ਼ ਸਿੰਘ ਚਾਹਲ, ਚੇਅਰਮੈਨ, ਨੇ ਕਿਹਾ ਕਿ 7 ਅਗਸਤ ਦੀ ਮਹਾਂ ਰੈਲੀ ਵਿੱਚ ਸ਼ਾਮਲ ਹੋਏ ਲੋਕਾਂ ਦੀ ਗਿਣਤੀ ਦਾ ਅੰਦਾਜ਼ਾ ਲਗਾਉਣਾ ਵੀ ਮੁਸ਼ਕਲ ਸੀ। ਕੋਈ ਇਸ ਨੂੰ ਸਵਾ ਲੱਖ ਅਤੇ ਕੋਈ ਦੋ ਲੱਖ ਤੋਂ ਵੱਧ ਲੋਕਾਂ ਦੀ ਰੈਲੀ ਦੱਸ ਰਿਹਾ ਸੀ। ਉਨ੍ਹਾਂ ਕਿਹਾ ਕਿ ਇਸ ਤੋਂ ਸਾਫ਼ ਸਾਬਤ ਹੁੰਦਾ ਹੈ ਕਿ ਲੋਕਾਂ ਅਤੇ ਮੁਲਾਜ਼ਮਾਂ ਦਾ ਸਰਕਾਰ ਪ੍ਰਤੀ ਗੁੱਸਾ ਬਿਲਕੁਲ ਜਾਇਜ਼ ਹੈ। ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਬਿਨਾਂ ਸ਼ਰਤ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਦਾ ਵਾਅਦਾ ਕੀਤਾ ਸੀ। ਇਸ ਦੇ ਨਾਲ ਹੀ 2004 ਤੋਂ ਬਾਅਦ ਭਰਤੀ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ, 15/1/15 ਅਤੇ 17/7/20 ਵਰਗੇ ਮੁਲਾਜ਼ਮ ਵਿਰੋਧੀ ਪੱਤਰਾਂ ਨੂੰ ਰੱਦ ਕਰਨ ਦੇ ਵਾਅਦੇ ਕੀਤੇ ਗਏ ਸਨ, ਪਰ ਅੱਜ ਤੱਕ ਇਨ੍ਹਾਂ ਮੰਗਾਂ 'ਤੇ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ। ਮੀਟਿੰਗ ਵਿੱਚ 23 ਅਗਸਤ ਨੂੰ ਸਤੌਜ ਵਿਖੇ ਪੁਰਾਣੀ ਪੈਨਸ਼ਨ ਪ੍ਰਾਪਤੀ ਸਾਂਝਾ ਮੰਚ ਵੱਲੋਂ ਕੀਤੀ ਗਈ ਵਿਸ਼ਾਲ ਰੈਲੀ ਬਾਰੇ ਵੀ ਚਰਚਾ ਕੀਤੀ ਗਈ। ਇਸ ਰੈਲੀ ਵਿੱਚ ਮੁਲਾਜ਼ਮਾਂ ਦੀ ਸ਼ਮੂਲੀਅਤ ਉਮੀਦ ਤੋਂ ਕਿਤੇ ਵੱਧ ਰਹੀ। 27 ਅਗਸਤ ਦੇ ਮਹਾਂ ਬੰਦ ਸਬੰਧੀ ਫੈਸਲਾ ਕੀਤਾ ਗਿਆ ਕਿ ਪੰਜਾਬ ਰੋਡਵੇਜ਼ ਦੇ ਏਟਕ ਨਾਲ ਸਬੰਧਤ ਸਮੂਹ ਸਾਥੀ ਉਸ ਦਿਨ ਛੁੱਟੀ ਲੈ ਕੇ ਸਾਂਝੇ ਮੁਲਾਜ਼ਮ ਮੰਚ ਵੱਲੋਂ ਦਿੱਤੇ ਗਏ ਐਕਸ਼ਨਾਂ ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨਗੇ।ਇਸ ਮੌਕੇ ਬਿਕਰਮਜੀਤ ਸਿੰਘ ਛੀਨਾ, ਅਜੇ ਸਨੋਤਰਾ, ਨਵਦੀਪ ਤਰਨਤਾਰਨ, ਮਨਪ੍ਰੀਤ ਗਰੇਵਾਲ, ਗੁਰਜੀਤ ਜਲੰਧਰ ਅਤੇ ਹੋਰ ਸਾਥੀ ਹਾਜ਼ਰ ਸਨ।

ਡੀ.ਏ.ਵੀ. ਕਕਰਾਲਾ 'ਚ ਸੀ.ਬੀ.ਐਸ.ਈ. ਕਲੱਸਟਰ ਖੇਡਾਂ ਦੇ ਚੈਂਪੀਅਨਾਂ ਦਾ ਸਨਮਾਨ

ਸਮਾਣਾ (ਇਕਬਾਲ ਸਿੰਘ ਬੱਲ)- ਡੀ.ਏ.ਵੀ. ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਕਕਰਾਲਾ ਦੇ ਨੌਜਵਾਨ ਖਿਡਾਰੀਆਂ ਨੇ ਸੀ.ਬੀ.ਐਸ.ਈ. ਕਲੱਸਟਰ-17 ਐਥਲੈਟਿਕਸ ਚੈਂਪੀਅਨਸ਼ਿਪ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਵਿਖੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਚਾਰ ਤਮਗੇ ਜਿੱਤ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਮੁਕਾਬਲੇ ਵਿੱਚ ਸਕੂਲ ਦੇ ਪੰਜ ਖਿਡਾਰੀਆਂ ਨੇ ਭਾਗ ਲਿਆ। ਦਸਵੀਂ ਜਮਾਤ ਦੇ ਹਰਵੀਰ ਸਿੰਘ ਨੇ ਅੰਡਰ-19 ਉੱਚੀ ਛਾਲ ਵਿੱਚ ਸੋਨ ਤਮਗਾ, ਬਾਰ੍ਹਵੀਂ ਜਮਾਤ ਦੇ ਬਲਵਿੰਦਰ ਸਿੰਘ ਨੇ ਅੰਡਰ-19 ਤੀਹਰੀ ਛਾਲ ਵਿੱਚ ਕਾਂਸੀ ਤਮਗਾ, ਦਸਵੀਂ ਜਮਾਤ ਦੇ ਜੋਬਨਪ੍ਰੀਤ ਸਿੰਘ ਨੇ ਅੰਡਰ-17 ਉੱਚੀ ਛਾਲ ਵਿੱਚ ਕਾਂਸੀ ਤਮਗਾ ਤੇ ਸੱਤਵੀਂ ਜਮਾਤ ਦੇ ਅਗਮਵੀਰ ਸਿੰਘ ਨੇ ਅੰਡਰ-14 ਉੱਚੀ ਛਾਲ ਵਿੱਚ ਚਾਂਦੀ ਦਾ ਤਮਗਾ ਹਾਸਲ ਕੀਤਾ।ਇਸ ਤੋਂ ਇਲਾਵਾ ਹਰਵੀਰ ਸਿੰਘ ਤੇ ਅਗਮਵੀਰ ਸਿੰਘ ਨੇ ਸੀ.ਬੀ.ਐਸ.ਈ. ਰਾਸ਼ਟਰੀ ਖੇਡਾਂ ਲਈ ਵੀ ਕੁਆਲੀਫਾਈ ਕਰਕੇ ਸਕੂਲ ਨੂੰ ਹੋਰ ਮਾਣ ਬਖ਼ਸ਼ਿਆ। ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਸ਼ਿਪਰਾ ਸ਼ਰਮਾ ਨੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੀ ਮਿਹਨਤ, ਅਨੁਸ਼ਾਸਨ ਅਤੇ ਲਗਾਤਾਰ ਅਭਿਆਸ ਦੀ ਸ਼ਲਾਘਾ ਕੀਤੀ।ਉਨ੍ਹਾਂ ਨੇ ਰਾਸ਼ਟਰੀ ਖੇਡਾਂ ਲਈ ਚੁਣੇ ਗਏ ਹਰਵੀਰ ਸਿੰਘ ਅਤੇ ਅਗਮਵੀਰ ਸਿੰਘ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

30 ਤੋਂ ਪੱਕੇ ਮੋਰਚੇ ਲਈ ਡਿਊਟੀਆਂ ਲਾਈਆਂ

ਦਿੜ੍ਹਬਾ (ਜਸਵੀਰ ਲਾਡੀ) - ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਦਿੜ੍ਹਬਾ ਦੀ ਮੀਟਿੰਗ ਬਲਾਕ ਪ੍ਰਧਾਨ ਹਰਜੀਤ ਸਿੰਘ ਮਹਿਲਾ ਅਤੇ ਹਰਬੰਸ ਸਿੰਘ ਦਿੜ੍ਹਬਾ ਦੀ ਅਗਵਾਈ ਹੇਠ (ਸੈਲੋ ਮੋਰਚਾ) ਤੁਰਬੰਜਾਰਾ ਵਿਖੇ ਹੋਈ । ਇਸ ਮੌਕੇ ਜ਼ਿਲਾ ਪ੍ਰਧਾਨ ਅਮਰੀਕ ਸਿੰਘ ਗੰਡੂਆ ਤੇ ਸੂਬਾ ਸਕੱਤਰ ਜਗਤਾਰ ਸਿੰਘ ਕਾਲਾਝਾੜ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ । ਆਗੂਆਂ ਨੇ ਕਿਹਾ ਕਿ ਜੋ 30 ਅਗਸਤ ਤੋਂ ਜਥੇਬੰਦੀ ਵੱਲੋਂ ਪੰਜਾਬ ਦੇ ਵਿੱਚ ਸਾਰੇ ਡੀ ਸੀ ਦਫਤਰਾਂ ਦੇ ਅੱਗੇ ਪੱਕੇ ਮੋਰਚੇ ਲਾਏ ਜਾ ਰਹੇ ਹਨ ਇਸ ਸਬੰਧੀ ਡੀ ਸੀ ਦਫਤਰ ਸੰਗਰੂਰ ਪੱਕੇ ਮੋਰਚੇ ਵਿੱਚ ਸ਼ਾਮਿਲ ਹੋਣ ਲਈ ਲੋਕਾਂ ਨੂੰ ਲਾਮਬੰਦ ਕਰਨਾ ਅਤੇ ਘਰ ਘਰ ਦੇ ਵਿੱਚੋਂ ਰਾਸ਼ਨ ਇਕੱਠਾ ਕਰਨਾ , ਪਿੰਡਾਂ ਦੇ ਵਿੱਚ ਢੋਲ ਮਾਰਚ ਕਰਨਾ ਅਤੇ ਪੱਕੇ ਮੋਰਚੇ ਲਈ ਟਰਾਲੀਆਂ ਤ੍ਰਿਪਾਲਾਂ ਪਾ ਕੇ ਤਿਆਰ ਕਰਨ ਲਈ ਅੱਜ ਤੋਂ ਹੀ ਡਿਊਟੀਆਂ ਲਗਾਈਆਂ ਗਈਆਂ ਹਨ। ਮੀਟਿੰਗ ਵਿੱਚ ਜ਼ਿਲਾ ਖਜ਼ਾਨਚੀ ਅਮਨਦੀਪ ਸਿੰਘ ਮਹਿਲਾ, ਬਲਾਕ ਖਜ਼ਾਨਚੀ ਜਗਦੀਪ ਸਿੰਘ ਮਹਿਲਾ, ਜਸਵੰਤ ਸਿੰਘ ਸਮੂਰਾਂ, ਜੋਗਿੰਦਰ ਸਿੰਘ ਖੇੜੀ ਨਾਂਗਾ ਤੋਂ ਇਲਾਵਾ ਸਾਰੇ ਪਿੰਡਾਂ ਦੇ ਪ੍ਰਧਾਨ ਸਕੱਤਰ ਹਾਜ਼ਰ ਸਨ ।

ਪ੍ਰੈੱਸ ਨੂੰ ਨਗਰ ਕੌਂਸਲ ਮੀਟਿੰਗਾਂ ਤੋਂ ਦੂਰ ਰਖਣਾ ਨਿੰਦਣਯੋਗ-ਕੋਟਲੀ

ਖੰਨਾ (ਸੁਖਵਿੰਦਰ ਸਿੰਘ ਭਾਦਲਾ)- ਸਾਬਕਾ ਕੈਬਨਿਟ ਮੰਤਰੀ ਗੁਰਕੀਰਤ ਸਿੰਘ ਕੋਟਲੀ ਨੇ ਇੱਕ ਪ੍ਰੈਸ ਕਾਨਫਰੰਸ ਕਰਕੇ ਨਗਰ ਕੌਂਸਲ ਮੀਟਿੰਗ ਵਿੱਚ ਪੇਸ਼ ਕੀਤੇ ਗਏ ਪ੍ਰਸਤਾਵਾਂ 'ਤੇ ਸਵਾਲ ਚੁੱਕਦੇ ਹੋਏ ਗੰਭੀਰ ਦੋਸ਼ ਲਗਾਏ। ਇੱਕ ਦਿਨ ਪਹਿਲਾਂ ਹੋਈ ਮੀਟਿੰਗ ਬਾਰੇ ਕੋਟਲੀ ਨੇ ਕਿਹਾ ਕਿ ਜਦੋਂ ਤੋਂ ਆਮ ਆਦਮੀ ਪਾਰਟੀ (ਆਪ) ਨੇ ਨਗਰ ਕੌਂਸਲ ਬਣਾਈ ਹੈ, ਉਦੋਂ ਤੋਂ ਪ੍ਰੈਸ ਨੂੰ ਨਗਰ ਕੌਂਸਲ ਮੀਟਿੰਗਾਂ ਤੋਂ ਦੂਰ ਰੱਖਿਆ ਗਿਆ ਹੈ, ਜਿਸ ਦੀ ਕਾਂਗਰਸ ਨਿੰਦਾ ਕਰਦੀ ਹੈ। ਕੋਟਲੀ ਨੇ ਅੱਗੇ ਕਿਹਾ ਕਿ ਸੋਮਵਾਰ ਦੀ ਨਗਰ ਕੌਂਸਲ ਮੀਟਿੰਗ ਵਿੱਚ ਪ੍ਰਧਾਨ ਵੱਲੋਂ ਮਹਿਲਾਵਾਂ ਕੌਂਸਲਰਾਂ ਨਾਲ ਕੀਤਾ ਗਿਆ ਦੁਰਵਿਵਹਾਰ ਬਹੁਤ ਨਿੰਦਣਯੋਗ ਹੈ। ਮੀਟਿੰਗਾਂ ਵਿੱਚ ਕੌਂਸਲਰਾਂ ਵੱਲੋਂ ਉਠਾਈਆਂ ਗਈਆਂ ਸਮੱਸਿਆਵਾਂ ਵੱਲ ਧਿਆਨ ਨਾ ਦੇਣਾ ਅਤੇ ਮਹਿਲਾ ਕੌਂਸਲਰਾਂ ਦੇ ਸਵਾਲਾਂ ਦਾ ਮਜ਼ਾਕ ਉਡਾਉਣ ਦੀ ਕੋਸ਼ਿਸ਼ ਸਮਝ ਤੋਂ ਪਰੇ ਹੈ। ਉਨ੍ਹਾਂ ਦੋਸ਼ ਲਾਇਆ ਕਿ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦੇ ਨਿਰਦੇਸ਼ਾਂ 'ਤੇ, ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਲੁਕਾਉਣ ਲਈ ਪ੍ਰੈਸ ਨੂੰ ਨਗਰ ਕੌਂਸਲ ਮੀਟਿੰਗਾਂ ਤੋਂ ਦੂਰ ਰੱਖਿਆ ਜਾ ਰਿਹਾ ਹੈ।